I/31705/2020

## ਜ਼ਿਲਾ ਲੋਕ ਸੰਪਰਕ ਦਫਤਰ, ਗੁਰਦਾਸਪੁਰ।

ਮਿਸ਼ਨ ਫ਼ਤਿਹ

ਡਿਪਟੀ ਕਮਿਸ਼ਨਰ ਦੀ ਅਗਵਾਈ ਹੇਠ ਜਿਲਾ ਪ੍ਰਸ਼ਾਸਨ ਨੇ ਲੋਕਾਂ ਦੀ ਸਿਹਤ ਨਾਲ ਖਿਲਵਾੜ ਕਰਨ ਵਾਲਿਆਂ ਵਿਰੁੱਧ ਕੱਸਿਆ ਸਿਕੰਜਾ -ਸਿਹਤ ਵਿਭਾਗ ਵਲੋਂ ਦਿਨ ਚੜਦਿਆ ਕੀਤੀ ਗਈ ਅਚਨਚੇਤ ਚੈਕਿੰਗ

ਗੁਰਦਾਸਪੁਰ ਨੇੜੇ ਪਿੰਡ ਮੱਲੇਵਾਲ ਵਿਖੇ ਡੇਅਰੀ 'ਤੇ ਮਾਰਿਆ ਛਾਪਾ-ਦੁੱਧ, ਦਹੀਂ, ਪਨੀਰ ਤੇ ਘਿਓ ਦੇ ਸੈਂਪਲ ਕੀਤੇ ਇਕੱਤਰ

ਗੁਰਦਾਸਪੁਰ ਦੇ 02 ਸ਼ਰਾਬ ਦੇ ਠੇਕਿਆਂ ਦੀ ਵੀ ਕੀਤੀ ਚੈਕਿੰਗ

ਗੁਰਦਾਸਪੁਰ, 6 ਜੂਨ (      ) ਡਿਪਟੀ ਕਮਿਸ਼ਨਰ ਜਨਾਬ ਮੁਹੰਮਦ ਇਸ਼ਫਾਕ ਦੀ ਅਗਵਾਈ ਹੇਠ ਸਿਹਤ ਵਿਭਾਗ ਵਲੋਂ ਲੋਕਾਂ ਦੀ ਸਿਹਤ ਨਾਲ ਖਿਲਵਾੜ ਕਰਨ ਵਾਲਿਆਂ ਵਿਰੁੱਧ ਸਖ਼ਤ ਰੁਖ ਅਪਣਾਇਆ ਗਿਆ ਹੈ ਤੇ ਡੇਅਰੀਆਂ ਆਦਿ ਦੀ ਅਚਨਚੇਤ ਚੈਕਿੰਗ ਕਰਨ ਦੀ ਮੁਹਿੰਮ ਵਿੱਢੀ ਗਈ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਡਾ. ਬਲਦੇਵ ਸਿੰਘ ਜਿਲਾ ਸਿਹਤ ਅਫਸਰ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਅਤੇ ਪੰਜਾਬ ਸਰਕਾਰ ਵਲੋਂ ਸ਼ੁਰੂ ਕੀਤੇ ਗਏ 'ਮਿਸ਼ਨ ਫਤਹਿ' ਤਹਿਤ ਲੋਕਾਂ ਦੀ ਸਿਹਤ ਨਾਲ ਖਿਲਵਾੜ ਕਰਨ ਵਾਲਿਆਂ ਵਿਰੁੱਧ ਸਿਕੰਜਾ ਕੱਸਿਆ ਜਾ ਰਿਹਾ ਹੈ ਅਤੇ ਮਿਲਵਾਟਖੋਰਾਂ ਵਿਰੁੱਧ ਸਖਤ ਕਾਰਵਾਈ ਅਮਲ ਵਿਚ ਲਿਆਂਦੀ ਜਾ ਰਹੀ ਹੈ।

ਉਨਾਂ ਅੱਗੇ ਦੱਸਿਆ ਕਿ ਅੱਜ ਸਵੱਖਤੇ ਗੁਰਦਾਸਪੁਰ ਦੇ ਨੇੜੇ ਪਿੰਡ ਮੱਲੋਵਾਲ ਵਿਖੇ ਡੇਅਰੀ ਤੇ ਅਚਨਚੇਤ ਚੈਕਿੰਗ ਕੀਤੀ ਗਈ ਅਤੇ ਦੁੱਧ, ਦਹੀਂ, ਪਨੀਰ ਤੇ ਘਿਓ ਦੇ ਸੈਂਪਲ ਇਕੱਤਰ ਕਰਕੇ , ਇਨਾਂ ਪਦਾਰਕਾਂ ਦੀ ਗੁਣਵੱਤਾ ਚੈੱਕ ਕਰਨ ਲਈ ਖਰੜ ਲੈਬਾਰਟੀ ਵਿਖੇ ਭੇਜੇ ਗਏ ਹਨ ਅਤੇ ਰਿਪੋਰਟ ਮਿਲਣ ਉਪਰੰਤ ਅਗਲੇਰੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।

ਜ਼ਿਲ•ਾ ਸਿਹਤ ਅਫਸਰ ਨੇ ਅੱਗੇ ਦੱਸਿਆ ਕਿ ਗੁਰਦਾਸਪੁਰ ਦੇ ਬੱਸ ਅੱਡੇ ਨੇੜੇ ਅਤੇ ਤਿੱਬੜੀ ਰੋਡ 'ਤੇ ਸਥਿਤ ਸ਼ਰਾਬ ਦੇ 02 ਠੇਕਿਆਂ ਦੀ ਚੈਕਿੰਗ ਵੀ ਕੀਤੀ ਗਈ ਹੈ ਅਤੇ ਸ਼ਰਾਬ ਦੇ ਸੈਂਪਲ ਇਕੱਤਰ ਇਕੱਤਰ ਗਏ ਹਨ।

ਉਨਾਂ ਅੱਗੇ ਦੱਸਿਆ ਕਿ ਡਿਪਟੀ ਕਮਿਸ਼ਨਰ ਦੇ ਆਦੇਸ਼ਾਂ 'ਤੇ ਇਹ ਮੁਹਿੰਮ ਲਗਾਤਾਰ ਜਾਰੀ ਰਹੇਗੀ ਅਤੇ ਕਿਸੇ ਵੀ ਕੀਮਤ 'ਤੇ ਮਿਲਵਾਟਖੋਰਾਂ ਨੂੰ ਬਖਸ਼ਿਆ ਨਹੀਂ ਜਾਵੇਗੀ। ਉਨਾਂ ਅੱਗੇ ਦੱਸਿਆ ਕਿ ਸਿਹਤ ਵਿਭਾਗ ਵਲੋਂ ਲੋਕਾਂ ਨੂੰ ਖਾਣਯੋਗ ਪਦਾਰਥਾਂ ਦੀ ਸੁਰੱਖਿਆ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ। ਖੁਰਾਕ ਸੁਰੱਖਿਆ ਕਾਨੂੰਨ ਨੂੰ ਖਾਸਕਰਕੇ ਦੁੱਧ ਅਤੇ ਦੁੱਧ ਪਦਾਰਥਾਂ ਦੀ ਗੁਣਵੱਤਾ ਨੂੰ ਯਕੀਨੀ ਬਣਾਉਣ ਲਈ ਅਸਰਦਾਰ ਤਰੀਕੇ ਨਾਲ ਲਾਗੂ ਕੀਤਾ ਜਾ ਰਿਹਾ ਹੈ। ਉਨਾਂ ਅੱਗੇ ਦੱਸਿਆ ਕਿ ਸਿਹਤ ਵਿਭਾਗ ਵਲੋਂ ਲੋਕਾਂ ਨੂੰ ਕੋਰੋਨਾ ਵਾਇਰਸ ਤੋਂ ਬਚਾਅ ਲਈ  ਜਾਣਕਾਰੀ ਦੇਣ ਦੇ ਨਾਲ ਵਾਤਾਵਰਣ ਨੂੰ ਸ਼ੁੱਧ ਰੱਖਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ।

ਇਸ ਮੌਕੇ ਜਿਲਾ ਸਿਹਤ ਅਫਸਰ ਨਾਲ ਐਫ.ਐਸ.ਓ ਮੁਨੀਸ਼, ਰੇਖਾ, ਡਿਪਟੀ ਡਾਇਰੈਕਟਰ ਡੇਅਰੀ ਬਲਵਿੰਦਰਜੀਤ ਅਤੇ ਵੇਰਕਾ ਤੋਂ ਸ੍ਰੀ ਨਾਗਰਾ ਵੀ ਮੋਜੂਦ ਸਨ।

I/31707/2020

ਜ਼ਿਲਾ ਲੋਕ ਸੰਪਰਕ ਦਫਤਰ, ਗੁਰਦਾਸਪੁਰ।

'ਮਿਸਨ ਫ਼ਤਿਹ'

ਪੰਜਾਬ ਸਰਕਾਰ ਵਲੋਂ ਸੂਬੇ ਦੇ ਵਿਕਾਸ ਲਈ ਕੋਈ ਕਸਰ ਬਾਕੀ ਨਹੀਂ ਰਹਿਣ ਦਿੱਤੀ ਜਾਵੇਗੀ-ਕੈਬਨਿਟ ਮੰਤਰੀ ਬਾਜਵਾ

ਕੈਬਨਿਟ ਮੰਤਰੀ ਬਾਜਵਾ ਵਲੋਂ ਜਿਲਾ ਗੁਰਦਾਸਪੁਰ ਅੰਦਰ  ਚੱਲ ਰਹੀਆਂ ਵੱਖ-ਵੱਖ ਸਕੀਮਾਂ ਦਾ ਲਿਆ ਗਿਆ ਜਾਇਜ਼ਾ

'ਮਿਸ਼ਨ ਫਤਹਿ' ਨੂੰ ਲੋਕਾਂ ਦੇ ਸਹਿਯੋਗ ਨਾਲ ਕੀਤਾ ਜਾਵੇਗਾ ਸਫਲ

ਗੁਰਦਾਸਪੁਰ, 6 ਜੂਨ (                    ) ਸ. ਤ੍ਰਿਪਤ ਰਜਿੰਦਰ ਸਿੰਘ ਬਾਜਵਾ ਕੈਬਨਿਟ ਮੰਤਰੀ ਪੰਜਾਬ ਵਲੋਂ ਜਿਲੇ ਅੰਦਰ ਚੱਲ ਰਹੀਆਂ ਵਿਕਾਸ ਕੰਮਾਂ ਦੀਆਂ ਵੱਖ-ਵੱਖ ਸਕੀਮਾਂ ਦਾ ਜਾਇਜ਼ਾ ਲਿਆ ਗਿਆ ਤੇ ਅਧਿਕਾਰੀਆਂ ਨੂੰ ਵਿਕਾਸ ਕੰਮ ਨਿਰਧਾਰਿਤ ਸਮੇਂ ਅੰਦਰ ਪੂਰੇ ਕਰਨ ਦੀ ਹਦਾਇਤ ਕੀਤੀ। ਇਸ ਮੌਕੇ ਜਨਾਬ ਮੁਹੰਮਦ ਇਸ਼ਫਾਕ ਡਿਪਟੀ ਕਮਿਸ਼ਨਰ ਵੀ ਮੋਜੂਦ ਸਨ।

ਸਥਾਨਕ ਪੰਚਾਇਤ ਭਵਨ ਵਿਖੇ ਕੀਤੀ ਗਈ ਮੀਟਿੰਗ ਦੌਰਾਨ ਕੈਬਨਿਟ ਮੰਤਰੀ ਸ. ਬਾਜਵਾ ਨੇ ਕਿਹਾ ਕਿ ਕੈਪਟਨ ਅਮਰਿੰਦਰ ਸਿੰਘ ਮੁੱਖ ਮੰਤਰੀ ਪੰਜਾਬ ਦੀ ਅਗਵਾਈ ਹੇਠ ਸੂਬੇ ਨੂੰ ਵਿਕਾਸ ਪੱਖੋ ਬੁਲੰਦੀਆਂ 'ਤੇ ਲਿਜਾਇਆ ਜਾਵੇਗਾ ਤੇ  ਵਿਕਾਸ ਕੰਮਾਂ ਲਈ ਗਰਾਂਟਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਉਨਾਂ ਅਧਿਕਾਰੀਆਂ ਨੂੰ ਸਰਕਾਰ ਵਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਸਕੀਮਾਂ ਦਾ ਹੇਠਲੇ ਪੱਧਰ 'ਤੇ ਲੋਕਾਂ ਨੂੰ ਲਾਭ ਪੁਜਦਾ ਕਰਨ ਦੀ ਹਦਾਇਤ ਕਰਦਿਆਂ ਕਿਹਾ ਕਿ ਲੋਕਹਿੱਤ ਲਈ ਚਲਾਈਆਂ ਜਾ ਰਹੀਆਂ ਸਕੀਮਾਂ ਨੂੰ ਲਾਗੂ ਕਰਨ ਵਿਚ ਕਿਸੇ ਕਿਸਮ ਦੀ ਕੋਈ ਢਿੱਲਮੱਠ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

ਕੈਬਨਿਟ ਮੰਤਰੀ ਸ. ਬਾਜਵਾ ਨੇ ਜਿਲੇ ਅੰਦਰ ਮਗਨਰੇਗਾ, ਸਮਾਰਟ ਵਿਲੇਜ਼ ਕੰਪੇਨ, ਛੱਪੜਾਂ ਦੀ ਸਫਾਈ, ਜਲ ਜੀਵਨ ਮਿਸ਼ਨ, ਲੋੜਵੰਦ ਲੋਕਾਂ ਲਈ ਬਣਾਏ ਜਾ ਰਹੇ ਟਾਇਲਟਸ, ਗੁਰਦਾਸਪੁਰ ਅਤੇ ਬਟਾਲਾ ਵਿਖੇ ਸੀਵਰੇਜ ਪ੍ਰੋਜੈਕਟ, ਮਾਈਨਿੰਗ, ਸਹਾਇਕ ਧੰਦਿਆਂ ਜਿਵੇ ਕਿ ਡੇਅਰੀ, ਬੱਕਰੀ ਤੇ ਸੂਰ ਪਾਲਣ, ਬਾਗਬਾਨੀ ਤੇ ਖੇਤੀਬਾੜੀ ਵਿਭਾਗ ਨਾਲ ਸਬੰਧਿਤ ਚੱਲ ਰਹੀਆਂ ਸਕੀਮਾਂ ਦਾ ਜਾਇਜਾ ਲਿਆ।

ਮੀਟਿੰਗ ਦੌਰਾਨ ਸ. ਬਾਜਵਾ ਨੇ ਕਿਹਾ ਕਿ ਪਿੰਡਾਂ ਅੰਦਰ ਪਾਣੀ ਵਾਲੀਆਂ ਟੈਂਕੀਆਂ ਅਤੇ ਲੋੜਵੰਦ ਲੋਕਾਂ ਲਈ ਬਣਾਈਆਂ ਜਾ ਰਹੀਆਂ ਟਾਇਲਟਸ ਦੇ ਵਿਕਾਸਦ ਕੰਮ ਜਲ ਨੇਪਰੇ ਚਾੜ•ੇ ਜਾਣ ਤਾਂ ਜੋ ਲੋਕ ਇਨਾਂ ਸਕੀਮਾਂ ਦਾ ਲਾਭ ਲੈ ਸਕਣ। ਉਨਾਂ ਗੁਰਦਾਸਪੁਰ , ਕਲਾਨੋਰ ਤੇ ਬਟਾਲਾ ਵਿਖੇ ਸੀਵਰੇਜ ਦੀ ਸਮੱਸਿਆ ਦੇ ਹੱਲ ਲਈ ਸਬੰਧਿਤ ਵਿਭਾਗਾਂ ਨੂੰ

ਜਲਦ ਸਮੱਸਿਆ ਦਾ ਹੱਲ ਕਰਨ ਦੀ ਹਦਾਇਤੀ ਕੀਤੀ । ਉਨਾਂ ਕਿਹਾ ਕਿ ਖਾਸਕਰਕੇ ਬਟਾਲਾ ਸ਼ਹਿਰ ਅੰਦਰ ਗੰਦੇ ਪਾਣੀ ਦੀ ਸਮੱਸਿਆ ਕਾਰਨ ਲੋਕ ਕਾਫੀ ਮੁਸ਼ਕਿਲਾਂ ਦਾ ਸਾਹਮਣਾ ਕਰ ਹਨ , ਜਿਸ ਨੂੰ ਜਲਦ ਹੱਲ ਕਰਨ ਲਈ ਸੀਵਰੇਜ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ। ਉਨਾਂ ਬਟਾਲਾ ਸ਼ਹਿਰ ਵਿਖੇ ਦੋ ਪਾਣੀ ਵਾਲੀਆਂ ਟੈਂਕੀਆਂ, ਜਿਨਾਂ ਦੀ ਹਾਲਤ ਕਾਫੀ ਖਸਤਾ ਹੈ, ਉਨਾਂ ਨੂੰ ਡਿਸਮੈਂਟਲ ਜਾਂ ਉਸ ਦੀ ਹਲਾਤ ਸੁਧਾਰਨ ਲਈ ਸਬੰਧੀ ਸਬੰਧਿਤ ਵਿਭਾਗ ਨੂੰ ਸਖਤ ਹਦਾਇਤ ਕੀਤੀ।

ਮੀਟਿੰਗ ਦੌਰਾਨ ਸ. ਬਾਜਵਾ ਨੇ ਜਿਲੇ ਅੰਦਰ ਕੋਰੋਨਾ ਵਾਇ੍ਰਸ ਦੇ ਬਚਾਅ ਲਈ ਪ੍ਰਸ਼ਾਸਨ ਵਲੋਂ ਕੀਤੇ ਜਾ ਰਹੇ ਕੰਮਾਂ ਦੀ ਜਾਣਕਾਰੀ ਵੀ ਹਾਸਿਲ ਕੀਤੀ ਤੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਦੀ ਅਗਵਾਈ ਹੇਠ 'ਮਿਸ਼ਨ ਫਤਹਿ' ਮੁਹਿੰਮ ਸ਼ੁਰੂ ਕੀਤੀ ਗਈ ਹੈ, ਜਿਸ ਤਹਿਤ ਲੋਕਾਂ ਨੂੰ ਕੋਰੋਨਾ ਵਾਇਰਸ ਵਿਰੁੱਧ ਜਾਗਰੂਕ ਕੀਤਾ ਜਾ ਰਿਹਾ ਹੈ। ਉਨਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਮਾਸਕ ਲਾਜਮੀ ਤੋਰ ਤੇ ਪਹਿਨਣ ਅਤੇ ਸ਼ੋਸਲ ਡਿਸਟੈਂਸ ਨੂੰ ਮੈਨਟੇਨ ਕਰਕੇ ਰੱਖਣ। ਉਨਾਂ ਕਿਹਾ ਕਿ ਲੋਕਾਂ ਦੇ ਸਹਿਯੋਗ ਨਾਲ ਕੋਰਨਾ ਵਾਇ੍ਰਸ ਤੇ ਫ਼ਤਿਹ ਹਾਸਲ ਕੀਤੀ ਜਾਵੇਗੀ।

ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਕੈਬਨਿਟ ਮੰਤਰੀ ਨੂੰ ਭਰੋਸਾ ਦਿੱਤਾ ਕਿ ਸਰਕਾਰ ਵਲੋਂ ਚਲਾਈਆਂ ਜਾ ਰਹੀ ਵੱਖ-ਵੱਖ ਵਿਕਾਸ ਸਕੀਮਾਂ ਦਾ ਲੋਕਾਂ ਤਕ ਲਾਭ ਪੁਜਦਾ ਕਰਨ ਵਿਚ ਕੋਈ ਢਿੱਲਮੱਠ ਨਹੀਂ ਵਰਤੀ ਜਾਵੇਗੀ। ਉਨਾਂ ਕੈਬਨਿਟ ਵਜੀਰ ਦੇ ਧਿਆਨ ਵਿਚ ਲਿਆਂਦਾ ਕਿ ਮਗਨਰੇਗਾ ਤਹਿਤ ਉਨਾਂ ਵਲੋਂ ਲਗਾਤਾਰ ਸਬੰਧਿਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਉਨਾਂ ਦੇ ਟੀਚੇ ਮਿਥੇ ਜਾ ਰਹੇ ਹਨ।

ਉਨਾਂ ਦੱਸਿਆ ਕਿ ਮਗਨਰੇਗਾ ਕੇਵਲ ਵਿਕਾਸ ਨਾਲ ਹੀ ਸਬੰਧਿਤ ਹੀ ਸਕੀਮ ਨਹੀਂ ਹੈ ਸਗੋ ਇਹ ਰੋਜ਼ਗਾਰ ਨਾਲ ਸਬੰਧਿਤ ਵੀ ਸਕੀਮ ਹੈ। ਇਸ ਤਹਿਤ ਹਰ ਵਿਅਕਤੀ ਜਾਬ ਕਾਰਡ ਬਣਾ ਕੇ 100 ਦਿਨ ਦਾ ਰੋਜਗਾਰ ਹਾਸਿਲ ਕਰ ਸਕਦਾ ਹੈ। ਉਨਾਂ ਦੱਸਿਆ ਕਿ ਮਗਨਰੇਗਾ ਵਿਚ 260 ਤਰਾਂ ਦੇ ਵੱਖ-ਵੱਖ ਕੰਮ ਕੀਤੇ ਜਾ ਸਕਦੇ ਹਨ।

ਉਨਾਂ ਅੱਗੇ ਦੱਸਿਆ ਕਿ ਏ.ਪੀ.ਓ (ਅਡਿਸ਼ਨਲ ਪ੍ਰੋਗਰਾਮ ਅਫਸਰ) ਨੂੰ ਹਦਾਇਤ ਕੀਤੀ ਗਈ ਹੈ ਕਿ ਉਹ ਆਪਣੇ-ਆਪਣੇ ਬਲਾਕ ਦੇ ਪਿੰਡਾਂ ਨੂੰ ਕਲੱਸਟਰ ਵਿਚ ਵੰਡ ਕੇ ਸਰਪੰਚਾਂ ਨਾਲ ਮਿਲਕੇ ਉਨਾਂ ਦੀਆਂ ਮੁਸ਼ਕਿਲਾਂ ਸੁਣ ਕੇ ਹੱਲ ਕਰਨ ਨੂੰ ਯਕੀਨੀ ਬਣਾਉਣਗੇ। ਹਰ ਏ.ਪੀ.ਓ30-30 ਪਿੰਡਾਂ ਦਾ ਇਕ ਕਲੱਸਟਰ ਬਣਾ ਕੇ ਮਗਨਰੇਗਾ ਤਹਿਤ ਕੀਤੇ ਜਾਣ ਵਾਲੇ ਕੰਮਾਂ ਅਤੇ ਸਕੀਮਾਂ ਸੰਬਧੀ ਸਰਪੰਚਾਂ ਨੂੰ ਜਾਣਕਾਰੀ ਦੇਣ ਲਈ ਪਾਬੰਦ ਕੀਤੇ ਗਏ ਹਨ ।

ਉਨਾਂ ਅੱਗੇ ਦੱਸਿਆ ਕਿ ਪਸ਼ੂ ਪਾਲਣ ਵਿਭਾਗ ਵਲੋਂ ਛੋਟੇ ਜਿਮੀਦਾਰ ਨੂੰ ਸਹਾਇਕ ਧੰਦਿਆਂ ਵੱਲ ਪ੍ਰੇਰਿਤ ਕਰਨ ਲਈ ਵਿਸ਼ੇਸ ਉਪਰਾਲੇ ਕੀਤੇ ਜਾਣਗੇ ਅਤੇ ਕਿਸਾਨ ਬੱਕਰੀ ਅਤੇ ਸੂਰ ਆਦਿ ਦੇ ਸਹਾਇਕ ਕਿੱਤੇ ਰਾਹੀਂ ਆਪਣੀ ਆਮਦਨ ਵਿਚ ਵਾਧਾ ਕਰ ਸਕਦੇ ਹਨ। ਉਨਾਂ ਦੱਸਿਆ ਕਿ ਇਸ ਸੰਬਧੀ ਸਮੂਹ ਬੀ.ਡੀ.ਪੀ.ਓ ਨੂੰ ਹਦਾਇਤ ਕੀਤੀ ਗਈ ਹੈ ਕਿ ਹਰ ਬਲਾਕ ਵਿਚ ਘੱਟੋ -ਘੱਟ 100 ਕੈਟਲ ਸ਼ੈੱਡ ਬਣਾਏ ਜਾਣ। ਉਨਾਂ ਅੱਗੇ ਦੱਸਿਆ ਕਿ ਕਲਾਨੌਰ ਵਿਖੇ ਗਊਸ਼ਾਲਾ ਨੂੰ

ਅਤਿ ਆਧੁਨਿਕ ਕਿਸਮ ਦੀ ਬਣਾਉਣ ਲਈ ਬੀ.ਡੀ.ਪੀ.ਓ ਕਲਾਨੌਰ ਨੂੰ ਕਿਹਾ ਗਿਆ ਹੈ ਕਿ ਉਹ 15 ਦਿਨਾਂ ਦੇ ਅੰਦਰ ਪ੍ਰੋਪੋਜਲ ਤਿਆਰ ਕਰਨ ਅਤੇ ਨਾਲ ਹੀ ਇਥੇ ਗੋਬਰ ਗੈਸ ਪਲਾਂਟ ਲਗਾਉਣ ਸਬੰਧੀ ਬੀ.ਡੀ.ਪੀ.ਓ ਕਲਾਨੌਰ ਨੂੰ ਰੂਪ ਰੇਖਾ ਉਲੀਕਣ ਦੀ ਹਦਾਇਤ ਕੀਤੀ ਗਈ ਹੈ।

ਡਿਪਟੀ ਕਮਿਸ਼ਨਰ ਨੇ ਕੈਬਨਿਟ ਮੰਤਰੀ ਨੂੰ ਯਕੀਨ ਦਿਵਾਉਂਦਿਆਂ ਕਿਹਾ ਕਿ ਜਿਲੇ ਗੁਰਦਾਸਪੁਰ ਅੰਦਰ ਵਿਕਾਸਮਈ ਸਕੀਮਾਂ ਨੂੰ ਲਾਗੂ ਕਰਨ ਲਈ ਕੋਈ ਕਸਰ ਨਹੀਂ ਛੱਡੀ ਜਾਵੇਗੀ। ਇਸ ਮੌਕੇ ਮੀਟਿੰਗ ਦੌਰਾਨ ਸ਼ੋਸਲ ਡਿਸਟੈਂਸ ਦਾ ਖਾਸ ਖਿਆਲ ਰੱਖਿਆ ਗਿਆ ਸੀ।

ਇਸ ਮੌਕੇ ਸਰਵ ਸ੍ਰੀ ਰਮਨ ਕੋਛੜ ਸਹਾਇਕ ਕਮਿਸ਼ਨਰ-ਐਸ.ਡੀ.ਐਮ ਦੀਨਾਨਗਰ, ਬਲਵਿੰਦਰ ਸਿੰਘ ਐਸ.ਡੀ.ਐਮ ਬਟਾਲਾ, ਲਖਵਿੰਦਰ ਸਿੰਘ ਡੀ.ਡੀ.ਪੀ.ਓ, ਅਮਨਦੀਪ ਕੋਰ, ਗੁਰਜੀਤ ਸਿੰਘ, ਸੁਖਜਿੰਦਰ ਸਿੰਘ, ਸੁਖਜੀਤ ਸਿੰਘ, ਸਤੀਸ਼ ਕੁਮਾਰ (ਸਾਰੇ ਬੀਡੀਪੀਓ) ਸਿਕੰਦਰ ਸਿੰਘ ਪੀ.ਏ, ਸ਼ਾਮ ਸਿੰਘ ਡਿਪਟੀ ਡਾਇਰੈਕਟਰ ਪਸ਼ੂ ਪਾਲਣ ਵਿਭਾਗ, ਐਕਸੀਅਨ ਨਿਤਿਨ ਕਾਲੀਆ, ਐਨ.ਪੀ ਸਿੰਘ, ਐਕਸੀਅਨ ਹਰਜਿੰਦਰ ਸਿੰਘ, ਐਕਸੀਅਨ ਜਗਦੀਸ ਕੁਮਾਰ ਸਮੇਤ ਸਬੰਧਿਤ ਵਿਭਾਗਾਂ ਦੇ ਅਧਿਕਾਰੀ ਮੋਜੂਦ ਸਨ।

I/31710/2020

ਜ਼ਿਲਾ ਲੋਕ ਸੰਪਰਕ ਦਫਤਰ, ਗੁਰਦਾਸਪੁਰ।

'ਮਿਸ਼ਨ ਫ਼ਤਿਹ'

ਜਿਲੇ ਅੰਦਰ 4846 ਸ਼ੱਕੀ ਮਰੀਜਾਂ ਵਿਚੋਂ 4566  ਮਰੀਜਾਂ ਦੀ ਰਿਪੋਰਟ ਨੈਗਟਿਵ

ਗੁਰਦਾਸਪੁਰ, 6 ਜੂਨ (      ) ਡਾ. ਕਿਸ਼ਨ ਚੰਦ ਸਿਵਲ ਸਰਜਨ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਕੋਵਿਡ-19 ਖ਼ਿਲਾਫ਼ ਜੰਗ ਨੂੰ ਸੂਬੇ ਭਰ ਵਿੱਚ ਜ਼ਮੀਨੀ ਪੱਧਰ ਤੱਕ ਲੈ ਜਾਣ ਲਈ ਪੰਜਾਬ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਵਲੋਂ 'ਮਿਸ਼ਨ ਫ਼ਤਿਹ' ਤਹਿਤ ਇਸ ਮਹਾਂਮਾਰੀ ਬਾਰੇ ਲੋਕਾਂ ਵਿੱਚ ਵਿਆਪਕ ਪੱਧਰ ਉਤੇ ਜਾਗਰੂਕਤਾ ਫੈਲਾਉਣ ਦੇ ਮਕਸਦ ਨਾਲ ਇਸ ਮੁਹਿੰਮ ਦਾ ਆਗਾਜ਼ ਕੀਤਾ ਗਿਆ ਹੈ ਤੇ ਜ਼ਿਲੇ ਭਰ ਅੰਦਰ ਲੋਕਾਂ ਨੂੰ ਕੋਰੋਨਾ ਵਾਇਰਸ ਤੋਂ ਬਚਾਅ ਲਈ ਜਾਗਰੂਕ ਕਰਨ ਦਾ ਟੀਚਾ ਮਿਥਿਆ ਗਿਆ ਹੈ।

ਉਨਾਂ ਅੱਗੇ ਦੱਸਿਆ ਕਿ ਜਿਲੇ ਅੰਦਰ 4846 ਸ਼ੱਕੀ ਮਰੀਜਾਂ ਵਿਚੋਂ 4566  ਮਰੀਜਾਂ ਦੀ ਰਿਪੋਰਟ ਨੈਗਟਿਵ ਆਈ ਹੈ, 148 ਕੋਰੋਨਾ ਪੀੜਤ ਅਤੇ 134 ਪੈਂਡਿੰਗ ਹਨ।  ਜ਼ਿਲ•ੇ ਅੰਦਰ 148 ਕੋਰੋਨਾ ਪੀੜਤਾਂ ਵਿਚੋਂ 03 ਵਿਅਕਤੀਆਂ ਦੀ ਮੋਤ ਹੋ ਚੁੱਕੀ ਹੈ,132 ਘਰਾਂ ਨੂੰ ਭੇਜੇ ਗਏ ਹਨ (129 ਠੀਕ ਹੋਏ ਹਨ, 03 ਘਰਾਂ ਅੰਦਰ ਏਕਾਂਤਵਾਸ ਕੀਤੇ ਗਏ ਹਨ)।   07 ਪੀੜਤ ਧਾਰੀਵਾਲ ਅਤੇ  04 ਪੀੜਤ ਬਟਾਲਾ ਵਿਖੇ ਅਤੇ 02 ਅੰਮ੍ਰਿਤਸਰ ਦਾਖਲ ਹਨ।।

ਸਿਵਲ ਸਰਜਨ ਨੇ ਜਿਲਾ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਕੋਰੋਨਾ ਵਾਇ੍ਰਸ ਤੋਂ ਬਚਣ ਲਈ ਸਿਹਤ ਵਿਭਾਗ ਵਲੋਂ ਜਾਰੀ ਹਦਾਇਤਾਂ ਦੀ ਲਾਜ਼ਮੀ ਤੋਰ 'ਤੇ ਪਾਲਣਾ ਕਰਨ ਨੂੰ ਯਕੀਨੀ ਬਣਾਉਣ। ਉਨਾਂ ਅੱਗੇ ਕਿਹਾ ਕਿ ਕੋਰੋਨਾ ਵਾਇਰਸ ਤੋਂ ਬਚਣ ਲਈ ਲੋਕ ਮਾਸਕ ਜਰੂਰ ਤੌਰ 'ਤੇ ਪਹਿਨਣ ਅਤੇ ਸ਼ੋਸਲ ਡਿਸਟੈਂਸ ਮੈਨਟੇਨ ਕਰਕੇ ਰੱਖਿਆ ਜਾਵੇ। ਉਨਾਂ ਕਿਹਾ ਕਿ ਬਿਨਾਂ ਕੰਮ ਤੋਂ ਘਰਾਂ ਵਿਚੋਂ ਬਾਹਰ ਨਾ ਨਿਕਲਿਆ ਜਾਵੇ ਅਤੇ ਜਰੂਰੀ ਕੰਮ ਹੋਣ ਕਰਕੇ ਹੀ ਬਾਹਰ ਨਿਕਲਿਆ ਜਾਵੇ ਅਤੇ ਇਸ ਦੌਰਾਨ ਮਾਸਕ ਪਹਿਨਣ ਨੂੰ ਲਾਜ਼ਮੀ ਬਣਾਇਆ ਜਾਵੇ। ਉਨਾਂ ਕਿਹਾ ਕਿ ਸਿਹਤ ਵਿਭਾਗ ਵਲੋਂ ਲੋਕ ਹਿੱਤ ਲਈ ਜਾਰੀ ਕੀਤੀਆਂ ਗਈਆਂ ਹਦਾਇਤਾਂ ਦੀ ਪਾਲਣਾ ਕਰਨਾ ਨੂੰ ਯਕੀਨੀ ਬਣਾਇਆ ਜਾਵੇ।

---------------------------

I/31713/2020

ਜਿਲਾ ਲੋਕ ਸੰਪਰਕ ਦਫਤਰ, ਗੁਰਦਾਸਪੁਰ।

ਮਿਸ਼ਨ ਫਤਿਹ

ਨੋਡਲ ਅਫਸਰ ਵੱਲੋਂ ਨਵੇਂ ਦਾਖਲੇ ਸੰਬੰਧੀ ਸਿੱਖਿਆ ਅਧਿਕਾਰੀਆਂ ਨਾਲ ਵੀਡੀਓ ਕਾਨਫਰੰਸ

ਨਵੇਂ ਦਾਖਲੇ ਵਿੱਚ ਤੇਜ਼ੀ ਲਿਆਉਣ ਲਈ ਵਿਸ਼ੇਸ਼ ਯੋਜਨਾਬੰਦੀ ਤਹਿਤ ਮਾਪਿਆ ਤੱਕ ਪਹੁੰਚ ਬਣਾਈ ਜਾਵੇ : ਕੋਮਲ ਚੋਪੜਾ

ਗੁਰਦਾਸਪੁਰ, 6 ਜੂਨ (                ) ਕੋਵਿਡ 19 ਕਰੋਨਾ ਕਾਰਨ ਨਾਲ ਪੂਰੇ ਵਿਸ਼ਵ ਦੀ ਅਰਥ ਵਿਵਸਥਾ ਤੇ ਆਮ ਜਨਜੀਵਨ ਪ੍ਰਭਾਵਿਤ ਹੋਇਆ ਹੈ। ਅਜਿਹੇ ਸਮੇਂ ਵਿੱਚ ਸਿੱਖਿਆ ਵਿਭਾਗ ਵੱਲੋਂ ਸਕੂਲ ਸਿੱਖਿਆ ਸਕੱਤਰ ਕ੍ਰਿਸ਼ਨ ਕੁਮਾਰ ਦੀ ਅਗਵਾਈ ਵਿੱਚ ਡੀ.ਡੀ. ਪੰਜਾਬੀ ਤੇ ਦੂਰਦਰਸ਼ਨ ਦੇ ਸਹਿਯੋਗ ਨਾਲ ਮਾਹਿਰ ਅਧਿਆਪਕਾਂ ਵੱਲੋਂ ਤਿਆਰ ਕੀਤੇ ਪਾਠ ਆਨ-ਲਾਈਨ ਪ੍ਰਸਾਰਿਤ ਕੀਤੇ ਜਾ ਰਹੇ ਹਨ , ਜੋ ਕਿ ਬੱਚਿਆ ਲਈ ਜੜ•ੀ ਬੂਟੀ ਦਾ ਕੰਮ ਕਰ ਰਹੇ ਹਨ। ਇਸ ਦੇ ਨਾਲ ਨਾਲ ਅਧਿਆਪਕਾਂ ਵੱਲੋਂ ਨਵੇਂ ਦਾਖਲੇ ਨੂੰ ਲੈ ਕੇ ਮਾਪਿਆ ਤੱਕ ਸਾਕਾਰਤਮਕ ਪਹੁੰਚ ਬਣਾਈ ਹੋਈ ਹੈ। ਇਸ ਨਾਲ ਸਰਕਾਰੀ ਸਕੂਲਾਂ ਵਿੱਚ ਬੱਚਿਆਂ ਦੀ ਗਿਣਤੀ ਵਿੱਚ ਵਾਧਾ ਹੋਇਆ ਹੈ।
ਇਸੇ ਦੇ ਤਹਿਤ ਜ਼ਿਲ•ਾ ਗੁਰਦਾਸਪੁਰ ਦੀ ਨੋਡਲ ਅਫਸਰ ਮੈਡਮ ਕੋਮਲ ਚੋਪੜਾ ਵੱਲੋਂ ਜ਼ਿਲ•ੇ ਦੇ ਸਮੂਹ ਸਿੱਖਿਆ ਅਧਿਕਾਰੀਆਂ ਨਾਲ ਵੀਡੀਓ ਕਾਨਫਰੰਸ ਦੁਆਰਾ ਕਰਕੇ ਸਰਕਾਰੀ ਸਕੂਲਾਂ ਵਿੱਚ ਨਵੇਂ ਦਾਖਲੇ ਸੰਬੰਧੀ ਜਾਇਜਾ ਲਿਆ।
ਇਸ ਦੌਰਾਨ ਉਨ•ਾਂ ਸਿੱਖਿਆ ਅਧਿਕਾਰੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪਿਛਲੇ ਸ਼ੈਸ਼ਨ ਮੁਕਾਬਲੇ ਇਸ ਸ਼ੈਸ਼ਨ ਵਿੱਚ ਸਰਕਾਰੀ ਸਕੂਲਾਂ ਵਿੱਚ ਬੱਚਿਆ ਦੀ ਗਿਣਤੀ ਵਧੀ ਹੈ ਅਤੇ ਇਸ ਵਿੱਚ ਹੋਰ ਵਾਧਾ ਕਰਨ ਲਈ ਵਿਸ਼ੇਸ਼ ਯੋਜਨਾਬੰਦੀ ਤਹਿਤ ਕੰਮ ਕੀਤਾ ਜਾਣਾ ਜ਼ਰੂਰੀ ਹੈ। ਉਨ•ਾਂ ਕਿਹਾ ਕਿ ਇਸ ਲਈ ਸਿੱਖਿਆ ਅਧਿਕਾਰੀਆਂ ਅਧਿਆਪਕਾਂ ਤੇ ਮਾਪਿਆਂ ਤੱਕ ਸਾਕਾਰਤਮਕ ਪਹੁੰਚ ਕਰਕੇ ਸਿੱਖਿਆ ਵਿਭਾਗ ਦੁਆਰਾ ਸਰਕਾਰੀ ਸਕੂਲਾਂ ਵਿੱਚ ਬੱਚਿਆਂ ਨੂੰ ਦਿੱਤੀਆਂ ਜਾ ਰਹੀਆਂ ਸਹੂਲਤਾਂ ਦਾ ਵੱਧ ਤੋਂ ਵੱਧ ਪ੍ਰਚਾਰ ਕਰਨ। ਉਨਾਂ ਜਾਣਕਾਰੀ ਦਿੱਤੀ ਕਿ ਸਕੂਲ ਸਿੱਖਿਆ ਸਕੱਤਰ ਕ੍ਰਿਸ਼ਨ ਕੁਮਾਰ ਵੱਲੋਂ ਵੀਡੀਓ ਕਾਨਫਰੰਸ ਦੁਆਰਾ ਸਿੱਖਿਆ ਅਧਿਕਾਰੀਆਂ ਤੇ ਅਧਿਆਪਕਾਂ ਨਾਲ ਗੱਲ-ਬਾਤ ਕਰਕੇ ਦਾਖਲਾ ਵਧਾਉਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ।
ਉਨਾਂ ਅੱਗੇ ਦੱਸਿਆ ਕਿ ਪੰਜਾਬ ਸਰਕਾਰ ਵਲੋ 'ਮਿਸ਼ਨ ਫਤਿਹ' ਮੁਹਿੰਮ ਦਾ ਅਗਾਜ ਕੀਤਾ ਗਿਆ ਹੈ , ਜਿਸ ਦਾ ਮਕਸਦ ਲੋਕਾਂ ਨੂੰ ਕੋਰੋਨਾ ਵਾਇਰਸ ਤੋਂ ਬਚਾਅ ਲਈ ਜਾਗਰੂਕ ਕਰਨ ਹੈ। ਉਨਾਂ ਸਮੂਹ ਅਧਿਆਪਕਾਂ ਨੂੰ ਆਪਣੇ-ਆਪਣੇ ਪੱਧਰ ਤੇ ਲੋਕਾਂ ਨੂੰ ਕੋਰਨਾ ਵਾਇ੍ਰਸ ਤੋਂ ਬਚਾਅ ਲਈ ਜਾਗਰੂਕ ਕਰਨ ਲਈ ਕਿਹਾ ਤੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਮਾਸਕ ਲਾਜ਼ਮੀ ਤੋਰ ਤੇ ਪਹਿਨਣ ਅਤੇ ਸੋਸਲ ਡਿਸਟੈਸ਼ ਮੈਨਟੇਨ ਕਰਕੇ ਰੱਖਿਆ ਜਾਵੇ।
ਇਸ ਮੌਕੇ ਜ਼ਿਲ•ਾ ਸਿੱਖਿਆ ਅਫਸਰ ਸੈਕੰ: ਹਰਦੀਪ ਸਿੰਘ, ਜ਼ਿਲ•ਾ ਸਿੱਖਿਆ ਅਫਸਰ ਐਲੀ: ਸੁਰਜੀਤਪਾਲ , ਉੱਪ ਜ਼ਿਲ•ਾ ਸਿੱਖਿਆ ਅਫਸਰ ਸੈਕੰ : ਲਖਵਿੰਦਰ ਸਿੰਘ , ਸੁ਼ਰੇਸ਼ ਸੈਣੀ , , ਉੱਪ ਜ਼ਿਲ•ਾ ਸਿੱਖਿਆ ਅਫਸਰ ਐਲੀ: ਬਲਬੀਰ ਸਿੰਘ, ਸਮਾਰਟ ਸਕੂਲ ਮੋਟੀਵੇਟਰ ਪ੍ਰਿੰਸੀਪਲ ਮਨਜੀਤ ਸਿੰਘ ਸੰਧੂ, ਡੀ.ਐਮ. ਗਣਿਤ ਗੁਰਨਾਮ ਸਿੰਘ, ਪੜ•ੋ ਪੰਜਾਬ ਪੜ•ਾਓ ਪੰਜਾਬ ਦੇ ਜ਼ਿਲ•ਾ ਕੋਆਰਡੀਨੇਟਰ ਪਵਨ ਕੁਮਾਰ , ਸਿੱਖਿਆ ਵਿਭਾਗ ਦੇ ਮੀਡੀਆ ਕੋਆਰਡੀਨੇਟਰ ਗਗਨਦੀਪ ਸਿੰਘ , ਐਮ. ਆਈ. ਐਸ. ਕੋਆਰਡੀਨੇਟਰ ਵਿਨੈ ਕੁਮਾਰ ਵੀਡੀਓ ਕਾਨਫਰੰਸ ਵਿੱਚ ਸ਼ਾਮਲ ਸਨ।ਜ਼ਿਲ•ਾ ਲੋਕ ਸੰਪਰਕ ਦਫਤਰ, ਗੁਰਦਾਸਪੁਰ।